# ਦਫਤਰ ਚੋਣਕਾਰ ਰਜਿਸਟਰੇਸ਼ਨ ਅਫ਼ਸਰ

091 ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.)-ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ
ਕਮਰਾ ਨੰ:242-ਈ, ਪਹਿਲੀ ਮੰਜਲ, ਮਿੰਨੀ ਸਕੱਤਰੇਤ, ਬਠਿੰਡਾ।
email:-ero-91@punjab.gov.in

ਜ਼ਿੰਮੇਵਾਰ ਬਣੋ, ਵੋਟਰ ਬਣੋ | ਜ਼ਿੰਮੇਵਾਰ ਬਣੋ, ਵੋਟਰ ਬਣੋ

**ਪੱਤਰ ਨੰ:ਚੋਣਾਂ-2025/337** | **ਮਿਤੀ:26-10-25**

ਸੇਵਾ ਵਿਖੇ, | **ਅਤਿ ਜਰੂਰੀ/ਮਿਤੀ ਬੱਧ**

1. ਜਿਲ੍ਹਾ ਸਿੱਖਿਆ ਅਫਸਰ (ਸਕੈਂ.), ਬਠਿੰਡਾ, ਸ਼੍ਰੀ ਮੁਕਤਸਰ ਸਾਹਿਬ, ਬਰਨਾਲਾ, ਫਰੀਦਕੋਟ
2. ਜਿਲ੍ਹਾ ਸਿੱਖਿਆ ਅਫਸਰ (ਐਲੀ.), ਬਠਿੰਡਾ
3. ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਰਾਮਪੁਰਾ ਫੂਲ/ਨਥਾਣਾ/ਗੋਨਿਆਣਾ
4. ਮੁੱਖ ਖੇਤੀਬਾੜੀ ਅਫਸਰ, ਬਠਿੰਡਾ
5. ਭੂਮੀ ਰੱਖਿਆ ਅਫਸਰ, ਬਠਿੰਡਾ
6. ਸੀਨੀਅਰ ਮੈਡੀਕਲ ਅਫਸਰ, ਨਥਾਣਾ
7. ਸਿਵਲ ਸਰਜਨ, ਬਠਿੰਡਾ
8. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਭੁੱਚੋ ਮੰਡੀ/ ਗੋਨਿਆਣਾ/ਰਾਮਪੁਰਾ
9. ਕਾਰਜ ਸਾਧਕ ਅਫ਼ਸਰ, ਨਗਰ ਪੰਚਾਇਤ, ਨਥਾਣਾ/ਲਹਿਰਾ ਮੁਹੱਬਤ
10. ਸਕੱਤਰ ਮਾਰਕਿਟ ਕਮੇਟੀ, ਗੋਨਿਆਣਾ/ਨਥਾਣਾ
11. ਪ੍ਰਿੰਸੀਪਲ, ਸਰਕਾਰੀ ਆਈ.ਟੀ.ਆਈ., ਬਠਿੰਡਾ
12. ਜਿਲ੍ਹਾ ਮੰਡੀ ਅਫਸਰ, ਬਠਿੰਡਾ
13. ਜਿਲ੍ਹਾ ਮੈਨੇਜਰ ਹਾਊਸਫੈੱਡ, ਬਠਿੰਡਾ।
14. ਕਾਰਜਕਾਰੀ ਇੰਜਨੀਅਰ, ਜਸਸ, ਮੰਡਲ ਨੰ: 1/2, ਬਠਿੰਡਾ
15. ਕਾਰਜਕਾਰੀ ਇੰਜਨੀਅਰ, ਪੀ.ਡਬਲਯੂ.ਆਰ.ਐਮ.ਡੀ.ਸੀ, ਡਵੀਜ਼ਨ ਨੰ: 7, ਬਠਿੰਡਾ
16. ਕਾਰਜਕਾਰੀ ਇੰਜਨੀਅਰ, ਪੀ.ਡਬਲਯੂ.ਡੀ. (ਬੀ ਐਂਡ ਆਰ), ਪ੍ਰੋਵਿੰਸ਼ੀਅਲ ਡਵੀਜ਼ਨ, ਬਠਿੰਡਾ
17. ਕਾਰਜਕਾਰੀ ਇੰਜਨੀਅਰ, ਪੀ.ਡਬਲਯੂ.ਡੀ. (ਬੀ ਐਡ ਆਰ), ਨੈਸ਼ਨਲ ਹਾਈਵੇਅ ਮੰਡਲ ਨੰ: 1, ਬਠਿੰਡਾ
18. ਕਾਰਜਕਾਰੀ ਇੰਜਨੀਅਰ, ਪੀ.ਡਬਲਯੂ.ਡੀ. (ਬੀ ਐਂਡ ਆਰ), ਸੈਂਟਰਲ ਵਰਕਸ, ਬਠਿੰਡਾ
19. ਕਾਰਜਕਾਰੀ ਇੰਜਨੀਅਰ, ਨਹਿਰ ਮੰਡਲ, ਬਠਿੰਡਾ
20. ਪ੍ਰਿੰਸੀਪਲ, ਸਰਕਾਰੀ ਬਹੁਤਕਨੀਕੀ ਕਾਲਜ, ਬਠਿੰਡਾ
21. ਕਾਰਜਕਾਰੀ ਇੰਜੀਨੀਅਰ ਸਿਵਲ, ਪੰਜਾਬ ਮੰਡੀ ਬੋਰਡ, ਬਠਿੰਡਾ।

ਵਿਸ਼ਾ:- **Special Intensive Revision (S.I.R) w.r.t 01.01.2026-regarding.**

ਹਵਾਲਾ:- ਇਸ ਦਫ਼ਤਰ ਦੇ ਪੱਤਰ ਨੰ: ਚੋਣਾਂ-2025/333 ਮਿਤੀ: 23-10-2025

ਉਪਰੋਕਤ ਵਿਸ਼ੇ ਸਬੰਧੀ ਹਵਾਲਾ ਅਧੀਨ ਪੱਤਰ ਰਾਂਹੀ ਨਿਮਨਹਸਤਾਖਰ ਦੇ ਹਲਕੇ ਅਧੀਨ ਕੰਮ ਕਰਦੇ ਬੀ.ਐਲ.ਓਜ਼ ਵੱਲੋ ਮਾਨਯੋਗ ਮੁੱਖ ਚੋਣ ਅਫ਼ਸਰ, ਪੰਜਾਬ ਜੀ ਵੱਲੋਂ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਵੀਜਨ (Special Intensive Revision) ਤਹਿਤ ਵਿਧਾਨ ਸਭਾ ਚੋਣ ਹਲਕੇ ਦੀ ਮੌਜੂਦਾ ਵੋਟਰ ਸੂਚੀ ਦਾ ਮਿਲਾਨ ਸਾਲ 2003 ਦੀ ਵੋਟਰ ਸੂਚੀ ਨਾਲ ਕੀਤਾ ਜਾ ਰਿਹਾ ਹੈ। ਜਿਸ ਸਬੰਧੀ ਮਾਨਯੋਗ ਜਿਲ੍ਹਾ ਚੋਣ ਅਫ਼ਸਰ, ਬਠਿੰਡਾ ਜੀ ਵੱਲੋ ਮਿਤੀ: 22-10-2025 ਨੂੰ ਨਵੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਬੀ.ਐਲ.ਓ ਵੱਲੋ ਉਕਤ ਕੀਤੇ ਕੰਮ ਸਬੰਧੀ ਬੀ.ਐਲ.ਓ ਐਪ ਉੱਪਰ ਮੈਪਿੰਗ ਮੁਕੰਮਲ ਕਰਵਾਈ ਜਾਣੀ ਹੈ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪ ਦੇ ਦਫ਼ਤਰ ਅਧੀਨ ਕੰਮ ਕਰਦੇ ਜਿਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੀ ਡਿਊਟੀ ਨਿਮਨਹਸਤਾਖਰ ਦੇ ਦਫ਼ਤਰ ਅਧੀਨ ਬਤੌਰ ਬੀ.ਐਲ.ਓ ਲੱਗੀ ਹੋਈ ਹੈ ਨੂੰ ਸਕੂਲ/ਦਫ਼ਤਰੀ ਕੰਮ ਤੋਂ ਮਿਤੀ: 27-10-2025 ਤੋਂ ਮਿਤੀ: 28-10-2025 ਤੱਕ ਫਾਰਗ ਕਰਦੇ ਹੋਏ ਬੀ.ਐਲ.ਓ ਡਿਊਟੀ ਲਈ ਪਾਬੰਦ ਕੀਤਾ ਜਾਵੇ ਤਾਂ ਜੋ ਉਕਤ ਕੰਮ ਨੂੰ ਸਮੇ ਸਿਰ ਨੇਪਰੇ ਚਾੜਿਆ ਜਾ ਸਕੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਬਠਿੰਡਾ।

ਪਿੱਠ ਅੰਕਣ ਨੰ: | ਮਿਤੀ:

ਉਪਰੋਕਤ ਦਾ ਉਤਾਰਾ:-

1) ਮਾਨਯੋਗ ਉੱਪ ਮੰਡਲ ਮੈਜਿਸਟਰੇਟ, ਬਠਿੰਡਾ/ਰਾਮਪੁਰਾ/ਤਲਵੰਡੀ ਸਾਬੋ ਜੀ ਨੂੰ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਜਿਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਡਿਊਟੀ ਨਿਮਨਹਸਤਾਖਰ ਦੇ 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ ਅਧੀਨ ਬਤੌਰ ਬੀ.ਐਲ.ਓ ਲੱਗੀ ਹੋਈ ਹੈ ਅਤੇ ਜੇਕਰ ਆਪ ਵੱਲੋਂ ਉਨ੍ਹਾਂ ਦੀ ਡਿਊਟੀ ਕਿਸੇ ਹੋਰ ਕੰਮ ਸਬੰਧੀ ਆਪ ਦੇ ਦਫ਼ਤਰ ਅਧੀਨ ਲਗਾਈ ਗਈ ਹੈ ਤਾਂ ਉਨ੍ਹਾਂ ਨੂੰ ਮਿਤੀ: 27-10-2025 ਤੋਂ ਮਿਤੀ: 28-10-2025 ਤੱਕ ਛੋਟ ਦਿੱਤੀ ਜਾਵੇ ਜੀ ਤਾਂ ਜੋ ਮਾਨਯੋਗ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਜੀ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ ਜੀ।
2) ਸਮੂਹ ਸੁਪਰਵਾਈਜ਼ਰ 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਆਪ ਦੇ ਸੈਕਟਰ ਅਧੀਨ ਕੰਮ ਕਰਦੇ ਸਮੂਹ ਬੀ.ਐਲ.ਓ ਵੱਲੋ ਮੌਜੂਦਾ ਵੋਟਰ ਸੂਚੀਆਂ ਦਾ ਮਿਲਾਨ ਸਾਲ 2003 ਦੀ ਵੋਟਰ ਸੂਚੀ ਨਾਲ ਕਰਨ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਜਿਸ ਸਬੰਧੀ ਆਪ ਅਧੀਨ ਕੰਮ ਕਰਦੇ ਬੀ.ਐਲ.ਓ ਨੂੰ ਮਿਤੀ: 26-10-2025 ਤੱਕ ਸਕੂਲ/ਦਫ਼ਤਰੀ ਕੰਮ ਤੋਂ ਫਾਰਗ ਕਰਵਾਉਂਦੇ ਹੋਏ ਮਿਲਾਨ ਕੀਤੇ ਗਏ ਵੋਟਰਾਂ ਦੀ ਕੈਟੀਗਰੀ ਵਾਈਜ਼ ਡਿਟੇਲ ਦੀ ਮੈਪਿੰਗ ਬੀ.ਐਲ.ਓ ਐਪ ਉੱਪਰ ਕਰਨ ਲਈ ਕਿਹਾ ਗਿਆ ਸੀ। ਪ੍ਰੰਤੂ ਨਿਮਨਹਸਤਾਖਰ ਦੇ ਧਿਆਣ ਵਿੱਚ ਆਇਆ ਹੈ ਕਿ ਕੁੱਝ ਬੀ.ਐਲ.ਓ ਵੱਲੋ ਹਜੇ ਤੱਕ ਕੰਮ ਦੀ ਪ੍ਰਗਤੀ ਬਹੁਤ ਘੱਟ ਹੈ। ਜਿਸਤੋਂ ਸਾਫ ਜਾਹਿਰ ਹੁੰਦਾ ਹੈ ਕਿ ਉਨ੍ਹਾਂ ਵੱਲੋ ਚੋਣਾਂ ਸਬੰਧੀ ਮਹੱਤਵਪੂਰਨ ਕੰਮ ਨੂੰ ਮਹੱਤਤਾ ਨਹੀਂ ਦਿੱਤੀ ਜਾਂਦੀ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਕੰਮ ਵੱਲ ਨਿੱਜੀ ਧਿਆਣ ਦਿੰਦੇ ਹੋਏ ਆਪ ਅਧੀਨ ਕੰਮ ਕਰਦੇ ਸਮੂਹ ਬੀ.ਐਲ.ਓ ਪਾਸੋ ਰੋਜਾਣਾ ਸਵੇਰੇ ਸ਼ਾਮ ਕੀਤੇ ਗਏ ਕੰਮ ਦੀ ਪ੍ਰਗਤੀ ਰਿਪੋਰਟ ਲੈਂਦੇ ਹੋਏ ਉਕਤ ਕੰਮ ਮਿਤੀ: 28-10-2025 ਤੱਕ ਮੁਕੰਮਲ ਕਰਵਾਉਣਾ ਯਕੀਨੀ ਬਣਾਇਆ ਜਾਵੇ।



Scanned with CamScanner

## ਦਫਤਰ ਚੋਣਕਾਰ ਰਜਿਸਟਰੇਸ਼ਨ ਅਫਸਰ

091 ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.)-ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ
ਕਮਰਾ ਨੰ:242-ਈ, ਪਹਿਲੀ ਮੰਜਲ, ਮਿੰਨੀ ਸਕੱਤਰੇਤ, ਬਠਿੰਡਾ।
email:-ero-91@punjab.gov.in

ਜਿੰਮੇਵਾਰ ਬਣੋ, ਵੋਟਰ ਬਣੋ ਜਿੰਮੇਵਾਰ ਬਣੋ, ਵੋਟਰ ਬਣੋ

**ਪੱਤਰ ਨੰ:ਚੋਣਾਂ-2025/** **ਮਿਤੀ:**

3) ਉਪਰੋਕਤ ਦਾ ਉਤਾਰਾ ਸਮੂਹ ਬੀ.ਐਲ.ਓਜ਼, 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਨਿਮਨਹਸਤਾਖਰ ਦੇ ਦਫ਼ਤਰ ਵੱਲੋ ਆਪ ਨੂੰ ਮਿਤੀ: 26-10-2025 ਤੱਕ ਸਕੂਲ/ਦਫ਼ਤਰੀ ਕੰਮ ਤੋਂ ਫਾਰਗ ਕਰਵਾਉਂਦੇ ਹੋਏ ਮਿਲਾਨ ਕੀਤੇ ਗਏ ਵੋਟਰਾਂ ਦੀ ਕੈਟੀਗਿਰੀ ਵਾਈਜ਼ ਡਿਟੇਲ ਦੀ ਮੈਪਿੰਗ ਬੀ.ਐਲ.ਓ ਐਪ ਉੱਪਰ ਕਰਨ ਲਈ ਕਿਹਾ ਗਿਆ ਸੀ। ਪ੍ਰੰਤੂ ਨਿਮਨਹਸਤਾਖਰ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਬੀ.ਐਲ.ਓ ਵੱਲੋ ਹਜੇ ਤੱਕ ਕੰਮ ਦੀ ਪ੍ਰਗਤੀ ਬਹੁਤ ਘੱਟ ਹੈ। ਜਿਸਤੋਂ ਸਾਫ ਜਾਹਿਰ ਹੁੰਦਾ ਹੈ ਕਿ ਆਪ ਵੱਲੋ ਚੋਣਾਂ ਸਬੰਧੀ ਮਹੱਤਵਪੂਰਨ ਕੰਮ ਨੂੰ ਮਹੱਤਤਾ ਨਹੀਂ ਦਿੱਤੀ ਜਾਂਦੀ। ਇਸ ਲਈ ਆਪ ਨੂੰ ਮਿਤੀ: 28-10-2025 ਤੱਕ ਸਕੂਲ/ਦਫ਼ਤਰ ਕੰਮ ਤੋਂ ਫਾਰਗ ਕਰਵਾਉਂਦੇ ਹੋਏ ਲਿਖਿਆ ਜਾਂਦਾ ਹੈ ਕਿ ਜੇਕਰ ਆਪ ਵੱਲੋ ਸਕੂਲ/ਦਫ਼ਤਰੀ ਕੰਮ ਤੋਂ ਫਾਰਗ ਹੁੰਦੇ ਹੋਏ ਵੀ ਉਕਤ ਕੰਮ ਸਮੇਂ ਸਿਰ ਮੁਕੰਮਲ ਨਹੀਂ ਕੀਤਾ ਜਾਂਦਾ ਤਾਂ ਆਪ ਵਿਰੁੱਧ ਚੋਣਾਂ ਸਬੰਧੀ ਬਣਦੇ ਨਿਯਮਾਂ ਅਨੁਸਾਰ ਅਨੁਸ਼ਾਸਨੀ ਕਾਰਵਾਈ ਆਰੰਭੀ ਜਾਵੇਗੀ। ਜਿਸਦੇ ਆਪ ਖੁੱਦ ਜ਼ੁੰਮੇਵਾਰ ਹੋਵੋਗੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਬਠਿੰਡਾ।

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ

ਪਿਠ ਅੰਕਣ ਨੰ ਜੀ-1/1 ( )2025/ 6459 ਮਿਤੀ 27-10-25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ (091 ਭੁੱਚੋ ਮੰਡੀ )ਲਿਖਕੇ ਭੇਜਿਆ ਜਾਂਦਾ ਹੈ ਕਿ ਸਬੰਧਤ ਕਰਮਚਾਰੀ ਨੂੰ ਉਕਤ ਅਨੁਸਾਰ ਲਗਾਈ ਗਈ ਡਿਊਟੀ ਲਈ ਪਾਬੰਦ ਕੀਤਾ ਜਾਵੇ ।

27/10/25

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।

27/10/25